ਆਸਾ ਮਹਲਾ ੫ ॥ ਇਨ੍ ਸਿਉ ਪ੍ਰੀਤਿ ਕਰੀ ਘਨੇਰੀ ॥ ਜਉ ਮਿਲੀਐ ਤਉ ਵਧੈ ਵਧੇਰੀ ॥ ਗਲਿ ਚਮੜੀ ਜਉ ਛੋਡੈ ਨਾਹੀ ॥ ਲਾਗਿ ਛੁਟੋ ਸਤਿਗੁਰ ਕੀ ਪਾਈ ॥ ੧॥ ਜਗ ਮੋਹਨੀ ਹਮ ਤਿਆਗਿ ਗਵਾਈ ॥ ਨਿਰਗੁਨੁ ਮਿਲਿਓ ਵਜੀ ਵਧਾਈ ॥੧॥ ਰਹਾਉ ॥ ਐਸੀ ਸੁੰਦਰਿ ਮਨ ਕਉ ਮੋਹੈ ॥ ਬਾਟਿ ਘਾਟਿ ਗ੍ਰਿਹਿ ਬਨਿ ਬਨਿ ਜੋਹੈ ॥ ਮਨਿ ਤਨਿ ਲਾਗੈ ਹੋਇ ਕੈ ਮੀਠੀ ॥ ਗੁਰ ਪ੍ਰਸਾਦਿ ਮੈ ਖੋਟੀ ਡੀਠੀ ॥੨॥ ਅਗਰਕ ਉਸ ਕੇ ਵਡੇ ਠਗਾਊ ॥ ਛੋਡਹਿ ਨਾਹੀ ਬਾਪ ਨ ਮਾਊ ॥ ਮੇਲੀ ਅਪਨੇ ਉਨਿ ਲੇ ਬਾਂਧੇ ॥ ਗੁਰ ਕਿਰਪਾ ਤੇ ਮੈ ਸਗਲੇ ਸਾਧੇ ॥੩॥ ਅਬ ਮੋਰੈ ਮਨਿ ਭਇਆ ਅਨੰਦ ॥ ਭਉ ਚੂਕਾ ਟੂਟੇ ਸਭਿ ਫੰਦ ॥ ਕਹੁ ਨਾਨਕ ਜਾ ਸਤਿਗੁਰੁ ਪਾਇਆ ॥ ਘਰੁ ਸਗਲਾ ਮੈ ਸੁਖੀ ਬਸਾਇਆ ॥ ੪॥੩੬॥੮੭॥
{ਪੰਨਾ 392}

ਪਦਅਰਥ:- ਇਨ੍ ਸਿਉ—ਇਸ (ਮਾਇਆ) ਨਾਲ। ਘਨੇਰੀ—ਬਹੁਤੀ। ਜਉ ਮਿਲੀਐ—ਜਦੋਂ ਇਸ ਨਾਲ ਸਾਥ ਬਣਾਈਏ। ਗਲਿ—ਗਲ ਨਾਲ। ਲਾਗਿ—ਲੱਗ ਕੇ। ਛੁਟੋ—ਛੁਟਾ, ਬਚਦਾ ਹੈ। ਪਾਈ—ਪੈਰੀਂ।1।

ਜਗ ਮੋਹਨੀ—ਜਗਤ ਨੂੰ ਮੋਹਨ ਵਾਲੀ। ਨਿਰਗੁਨੁ—ਮਾਇਆ ਦੇ ਤਿੰਨ ਗੁਣਾਂ ਤੋਂ ਉਤਾਂਹ ਰਹਿਣ ਵਾਲਾ ਪ੍ਰਭੂ। ਵਧਾਈ—ਮਨ ਦੀ ਚੜ੍ਹਦੀ ਕਲਾ, ਉਤਸ਼ਾਹ-ਭਰੀ ਅਵਸਥਾ। ਵਜੀ—ਵੱਜ ਪਈ (ਜਿਵੇਂ ਵਾਜਾ ਵੱਜਦਾ ਹੈ), ਪ੍ਰਬਲ ਹੋ ਗਈ।1। ਰਹਾਉ।

ਸੁੰਦਰਿ—ਸੁੰਦਰੀ, ਮੋਹਣੀ। ਬਾਟਿ—ਰਸਤੇ ਵਿਚ। ਘਾਟਿ—ਪੱਤਣ ਉਤੇ। ਗ੍ਰਿਹਿ—ਘਰ ਵਿਚ। ਬਨਿ—ਜੰਗਲ ਵਿਚ। ਜੋਹੈ—ਤੱਕਦੀ ਹੈ। ਮਨਿ—ਮਨ ਵਿਚ। ਤਨਿ—ਤਨ ਵਿਚ, ਹਿਰਦੇ ਵਿਚ। ਪ੍ਰਸਾਦਿ—ਕਿਰਪਾ ਨਾਲ।2।

ਅਗਰਕ—ਅੱਗੇ ਅੱਗੇ ਤੁਰਨ ਵਾਲੇ, ਚੌਧਰੀ, ਮੁਸਾਹਬ। ਠਗਾਊ—ਠੱਗ। ਉਨਿ—ਉਹਨਾਂ (ਅਗਰਕਾਂ) ਨੇ। ਸਾਧੇ—ਕਾਬੂ ਕਰ ਲਏ।3।

ਮੋਰੈ ਮਨਿ—ਮੇਰੇ ਮਨ ਵਿਚ। ਸਭਿ—ਸਾਰੇ। ਫੰਦ—ਫਾਹੇ।4।

ਅਰਥ:- (ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਮੈਨੂੰ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਉਤਾਂਹ ਰਹਿਣ ਵਾਲਾ ਪਰਮਾਤਮਾ ਮਿਲਿਆ ਹੈ ਮੇਰੇ ਅੰਦਰ ਉਤਸ਼ਾਹ-ਭਰੀ ਅਵਸਥਾ ਪ੍ਰਬਲ ਹੋ ਗਈ ਹੈ, ਤਦੋਂ ਤੋਂ ਹੀ ਮੈਂ ਸਾਰੇ ਜਗਤ ਨੂੰ ਮੋਹਣ ਵਾਲੀ ਮਾਇਆ (ਦੇ ਮੋਹ) ਨੂੰ ਤਿਆਗ ਕੇ ਪਰੇ ਸੁੱਟ ਦਿੱਤਾ ਹੈ।1। ਰਹਾਉ।

(ਹੇ ਭਾਈ!) ਜੇ ਇਸ (ਮਾਇਆ) ਨਾਲ ਬਹੁਤੀ ਪ੍ਰੀਤਿ ਕਰੀਏ ਤਾਂ ਜਿਉਂ ਜਿਉਂ ਇਸ ਨਾਲ ਸਾਥ ਬਣਾਈਦਾ ਹੈ, ਤਿਉਂ ਤਿਉਂ ਇਸ ਨਾਲ ਮੋਹ ਵਧਦਾ ਜਾਂਦਾ ਹੈ। (ਆਖ਼ਰ) ਜਦੋਂ ਇਹ ਗਲ ਨਾਲ ਚੰਬੜੀ ਹੋਈ ਛੱਡਦੀ ਹੀ ਨਹੀਂ, ਤਦੋਂ ਸਤਿਗੁਰੂ ਦੀ ਚਰਨੀਂ ਲੱਗ ਕੇ ਹੀ ਇਸ ਤੋਂ ਖ਼ਲਾਸੀ ਪਾਈਦੀ ਹੈ।1।

(ਹੇ ਭਾਈ! ਇਹ ਮਾਇਆ) ਐਸੀ ਸੋਹਣੀ ਹੈ ਕਿ (ਮਨੁੱਖ ਦੇ) ਮਨ ਨੂੰ (ਤੁਰਤ) ਮੋਹ ਲੈਂਦੀ ਹੈ। ਰਸਤੇ ਵਿਚ (ਤੁਰਦਿਆਂ) ਪੱਤਣ ਉਤੇ (ਲੰਘਦਿਆਂ) ਘਰ ਵਿਚ (ਬੈਠਿਆਂ) ਜੰਗਲ ਜੰਗਲ ਵਿਚ (ਭੌਂਦਿਆਂ ਇਹ ਮਨ ਨੂੰ ਮੋਹਣ ਵਾਸਤੇ) ਤੱਕ ਲਾਈ ਰੱਖਦੀ ਹੈ। ਮਿੱਠੀ ਬਣ ਕੇ ਇਹ ਮਨ ਵਿਚ ਤਨ ਵਿਚ ਆ ਚੰਬੜਦੀ ਹੈ। ਪਰ ਮੈਂ ਗੁਰੂ ਦੀ ਕਿਰਪਾ ਨਾਲ ਵੇਖ ਲਿਆ ਹੈ ਕਿ ਇਹ ਬੜੀ ਖੋਟੀ ਹੈ।2।

(ਹੇ ਭਾਈ! ਕਾਮਾਦਿਕ) ਉਸ ਮਾਇਆ ਦੇ ਮੁਸਾਹਬ (ਵੀ) ਵੱਡੇ ਠੱਗ ਹਨ, ਮਾਂ ਹੋਵੇ ਪਿਉ ਹੋਵੇ ਕਿਸੇ ਨੂੰ ਠੱਗਣੋਂ ਛੱਡਦੇ ਨਹੀਂ। ਜਿਨ੍ਹਾਂ ਜਿਨ੍ਹਾਂ ਨੇ ਇਹਨਾਂ ਨਾਲ ਮੇਲ-ਮੁਲਾਕਾਤ ਪਾਈ, ਉਹਨਾਂ ਨੂੰ ਇਹਨਾਂ ਮੁਸਾਹਬਾਂ ਨੇ ਚੰਗੀ ਤਰ੍ਹਾਂ ਬੰਨ੍ਹ ਲਿਆ, ਪਰ ਮੈਂ ਗੁਰੂ ਦੀ ਕਿਰਪਾ ਨਾਲ ਇਹਨਾਂ ਸਾਰਿਆਂ ਨੂੰ ਕਾਬੂ ਕਰ ਲਿਆ ਹੈ।3।

ਹੇ ਨਾਨਕ! ਜਦੋਂ ਦਾ ਮੈਨੂੰ ਸਤਿਗੁਰੂ ਮਿਲ ਪਿਆ ਹੈ ਤਦੋਂ ਤੋਂ ਹੁਣ ਮੇਰੇ ਮਨ ਵਿਚ ਆਤਮਕ ਆਨੰਦ ਬਣਿਆ

ਰਹਿੰਦਾ ਹੈ (ਮੇਰੇ ਅੰਦਰੋਂ ਇਹਨਾਂ ਕਾਮਾਦਿਕ ਮੁਸਾਹਬਾਂ ਦਾ) ਡਰ-ਭਉ ਲਹਿ ਗਿਆ ਹੈ ਇਹਨਾਂ ਦੇ ਪਾਏ ਹੋਏ ਸਾਰੇ ਫਾਹੇ ਟੁਟ ਗਏ ਹਨ। ਮੈਂ ਹੁਣ ਆਪਣਾ ਸਾਰਾ ਘਰ ਸੁਖੀ ਵਸਾ ਲਿਆ ਹੈ (ਮੇਰੇ ਸਾਰੇ ਗਿਆਨ-ਇੰਦ੍ਰਿਆਂ ਵਾਲਾ ਪਰਵਾਰ ਇਹਨਾਂ ਦੀ ਮਾਰ ਤੋਂ ਬਚ ਕੇ ਆਤਮਕ ਆਨੰਦ ਮਾਣ ਰਿਹਾ ਹੈ)।4। 36। 87।